# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 21-05-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ 23 ਮਈ ਨੂੰ ਪਟਿਆਲਾ ਅਤੇ 24 ਮਈ ਨੂੰ ਜਲੰਧਰ ਤੇ ਗੁਰਦਾਸਪੁਰ ਵਿਚ ਭਾਜਪਾ ਦੀਆਂ ਰੈਲੀਆਂ ਨੂੰ ਸੰਬੋਧਤ ਕਰਨਗੇ।
- ਫ਼ਰੀਦਕੋਟ ਰਾਖਵੇਂ ਲੋਕਸਭਾ ਹਲਕੇ ਵਿੱਚ ਇਸ ਵਾਰ ਕਲਾਕਾਰਾਂ ਦੀ ਚੋਣ ਜੰਗ ਖਿੱਚ ਦਾ ਕੇਂਦਰ ਬਣ ਗਈ ਏ।
- ਪਟਿਆਲਾ ਲੋਕ ਸਭਾ ਹਲਕੇ ਵਿਚ ਦਿਵਿਆਂਗਜਨਾਂ ਤੇ ਬਜ਼ੁਰਗਾਂ ਸਮੇਤ ਵਿਸ਼ੇਸ਼ ਜਰੂਰਤਾਂ ਵਾਲੇ ਵੋਟਰਾਂ ਦੀਆਂ ਵੋਟਾਂ ਪੁਆਉਣ ਲਈ ਅਮਲ ਅੱਜ ਤੋਂ ਸ਼ੁਰੂ ਹੋਇਆ।
- ਪੰਜਾਬ ਵਿਚ ਝੁਲਸਾ ਦੇਣ ਵਾਲੀ ਗਰਮੀ ਤੇ ਲੂ ਦਾ ਕਹਿਰ ਜਾਰੀ ਏ, ਅਗਲੇ ਕੁਝ ਦਿਨਾਂ ਵਿਚ ਵੀ ਰਾਹਤ ਦੇ ਕੋਈ ਆਸਾਰ ਨਹੀਂ ।

-----------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ 23 ਅਤੇ 24 ਮਈ ਨੂੰ ਚੋਣ ਪ੍ਰਚਾਰ ਲਈ ਪੰਜਾਬ ਆ ਰਹੇ ਨੇ। 23 ਮਈ ਨੂੰ ਉਹ ਪਟਿਆਲਾ ਅਤੇ 24 ਮਈ ਨੂੰ ਜਲੰਧਰ ਤੇ ਗੁਰਦਾਸਪੁਰ ਵਿਚ ਭਾਜਪਾ ਦੀਆਂ ਰੈਲੀਆਂ ਨੂੰ ਸੰਬੋਧਨ ਕਰਨਗੇ। ਪ੍ਰਧਾਨ ਮੰਤਰੀ ਦੀ ਸੁਰੱਖਿਆ ਨੂੰ ਲੈ ਕੇ ਵੱਖ-ਵੱਖ ਏਜੰਸੀਆਂ ਨੇ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਨੇ। ਕਈ ਜ਼ਿਲਿਆਂ ਵਿਚ ਪੁਲਿਸ ਨੇ ਪਹਿਲਾਂ ਹੀ ਅਲਰਟ ਜਾਰੀ ਕਰ ਦਿੱਤਾ ਏ ਅਤੇ ਗੁਜਰਾਤ ਪੁਲਿਸ ਦੀਆਂ ਦੋ ਕੰਪਨੀਆਂ ਵੀ ਜਲੰਧਰ ਪਹੁੰਚ ਗਈਆਂ ਨੇ। ਪ੍ਰਾਪਤ ਜਾਣਕਾਰੀ ਅਨੁਸਾਰ 19 ਮਈ ਨੂੰ ਗੁਜਰਾਤ ਤੋਂ ਆਧੁਨਿਕ ਹਥਿਆਰਾਂ ਨਾਲ ਲੈਸ ਭਾਰੀ ਫੋਰਸ ਜਲੰਧਰ ਪਹੁੰਚੀ ਸੀ। ਉਕਤ ਕੰਪਨੀਆਂ ਦੂਜੇ ਰਾਜਾਂ ਵਿੱਚ ਚੋਣਾਂ ਕਰਵਾਉਣ ਤੋਂ ਬਾਅਦ ਪੰਜਾਬ ਆਈਆਂ ਨੇ। ਸੰਭਾਵਨਾ ਏ ਕਿ ਉਹ 4 ਜੂਨ ਤੋਂ ਬਾਅਦ ਵਾਪਸ ਚਲੀਆਂ ਜਾਣਗੀਆਂ। ਜ਼ਿਕਰਯੋਗ ਏ ਕਿ ਗੁਜਰਾਤ ਪੁਲਿਸ ਦੀਆਂ ਕੁੱਲ 7 ਕੰਪਨੀਆਂ ਪੰਜਾਬ ਪਹੁੰਚ ਚੁੱਕੀਆਂ ਨੇ।

ਜਿਨ੍ਹਾਂ ਨੂੰ ਪ੍ਰਧਾਨ ਮੰਤਰੀ ਦੇ ਦੌਰੇ ਦੇ ਮੱਦੇਨਜ਼ਰ ਵੱਖ-ਵੱਖ ਜ਼ਿਲ੍ਹਿਆਂ ਵਿੱਚ ਭੇਜਿਆ ਗਿਆ ਏ। ਪਟਿਆਲਾ ਤੋਂ ਸਾਡੇ ਪਤਰਕਾਰ ਅਨੁਸਾਰ ਪ੍ਰਧਾਨਮੰਤਰੀ ਮੋਦੀ ਦੀ ਇਹ ਰੈਲੀ ਪਟਿਆਲਾ ਦੇ ਪੋਲੋ ਗਰਾਊਂਡ ਵਿਖੇ ਹੋਵੇਗੀ ਜਿੱਥੇ ਹੁਣੇ ਤੋਂ ਹੀ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਜਾ ਰਹੇ ਨੇ। ਪ੍ਰਧਾਨਮੰਤਰੀ ਦੇ ਰਸਤੇ ਵਿਚ ਕੋਈ ਰੁਕਾਵਟ ਨਾ ਹੋਵੇ, ਇਸਦਾ ਖਾਸ ਖਿਆਲ ਰੱਖਿਆ ਜਾ ਰਿਹਾ ਏ।

---------------------------------------------------------------

ਪੰਜਾਬ ਵਿਚ ਲੋਕ ਸਭਾ ਚੋਣਾਂ ਦੀਆਂ ਵੋਟਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੂੰ ਵੱਡਾ ਝਟਕਾ ਲੱਗਾ ਏ। ਜਲੰਧਰ ਕੈਂਟ ਵਿਧਾਨ ਸਭਾ ਹਲਕੇ ਤੋਂ ਸਾਬਕਾ ਵਿਧਾਇਕ ਜਗਬੀਰ ਸਿੰਘ ਬਰਾੜ ਅੱਜ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਗਏ। ਨਵੀਂ ਦਿੱਲੀ ਵਿਖੇ ਪਾਰਟੀ ਦੇ ਕੇਂਦਰੀ ਹੈੱਡਕੁਆਰਟਰ ਵਿਚ ਪਾਰਟੀ ਜਨਰਲ ਸਕੱਤਰ ਤਰੁਣ ਚੁੱਘ ਦੀ ਹਾਜ਼ਰੀ ਵਿੱਚ ਉਨਾਂ ਭਾਜਪਾ ਦੀ ਮੈਂਬਰਸ਼ਿਪ ਲਈ। ਇਸ ਦੌਰਾਨ

ਸਾਬਕਾ ਵਿਧਾਇਕ ਕੇ.ਡੀ. ਭੰਡਾਰੀ ਵੀ ਮੌਜੂਦ ਰਹੇ। ਉਹ ਸੂਬੇ ਵਿੱਚ ਅਕਾਲੀ ਦਲ ਦੀ ਸਰਕਾਰ ਵੇਲੇ ਜਲੰਧਰ ਕੈਂਟ ਹਲਕੇ ਤੋਂ ਵਿਧਾਇਕ ਸਨ।

---------------------------------------------------------

ਇਸ ਦੌਰਾਨ ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ ਵਿਦੇਸ਼ੀ ਫੰਡਿੰਗ ਨੂੰ ਲੈ ਕੇ ਆਮ ਆਦਮੀ ਪਾਰਟੀ ਅਤੇ ਇਸ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਆਲੋਚਨਾ ਕੀਤੀ ਅਤੇ ਕੇਜਰੀਵਾਲ ਨੂੰ ਪੁੱਛਿਆ ਕਿ ਕਿਤੇ ਇਹ ਪੈਸਾ ਖਾਲਿਸਤਾਨ ਤੋਂ ਫੰਡਿੰਗ ਦਾ ਤਾਂ ਨਹੀਂ ਏ ? ਦੇਸ਼ ਇਹ ਜਾਣਨਾ ਚਾਹੁੰਦਾ ਏ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨਾਂ ਕਿਹਾ ਕਿ ਇਸ ਪੂਰੇ ਮਾਮਲੇ ਦੀ ਜਾਂਚ ਕਰਕੇ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਹੋਣੀ ਚਾਹੀਦੀ ਏ। ਤਰੁਣ ਚੁੱਘ ਨੇ ਕਿਹਾ ਕਿ ਇਹ ਦੇਸ਼ ਦੀ ਏਕਤਾ ਤੇ ਅਖੰਡਤਾ 'ਤੇ ਇਕ ਤਰ੍ਹਾਂ ਦਾ ਹਮਲਾ ਏ। ਉਨਾਂ ਕਿਹਾ ਕਿ ਜਾਰਜ ਸੋਰੋਸ ਵਰਗੇ ਲੋਕ ਭਾਰਤ ਨੂੰ ਤਬਾਹ ਕਰਨਾ ਚਾਹੁੰਦੇ

ਨੇ ਅਤੇ ਕੇਜਰੀਵਾਲ ਤੇ ਉਨ੍ਹਾਂ ਦੀ ਪਾਰਟੀ ਕਥਿਤ ਤੌਰ ਤੇ ਉਸ ਦੇ ਹੱਥਾਂ ਵਿੱਚ ਖੇਡ ਰਹੀ ਏ । ਤਰੁਣ ਚੁੱਘ ਨੇ ਕਿਹਾ ਕਿ ਈ ਡੀ ਦੇ ਇਨ੍ਹਾਂ ਦੋਸ਼ਾਂ ਦਾ ਕੇਜਰੀਵਾਲ ਨੂੰ ਜਵਾਬ ਦੇਣਾ ਚਾਹੀਦਾ ਏ । ਵਰਨਣਯੋਗ ਏ ਕਿ ਈ ਡੀ ਨੇ ਕੇਂਦਰੀ ਗ੍ਰਹਿ ਮੰਤਰਾਲੇ ਨੂੰ ਪੱਤਰ ਲਿਖ ਕੇ ਦੋਸ਼ ਲਾਇਆ ਏ ਕਿ ਦਿੱਲੀ ਤੇ ਪੰਜਾਬ ਦੀ ਸੱਤਾਧਾਰੀ ਆਮ ਆਦਮੀ ਪਾਰਟੀ ਨੇ ਵਿਦੇਸ਼ੀ ਯੋਗਦਾਨ ਰੈਗੂਲੇਸ਼ਨ ਐਕਟ ਐਫ ਸੀ ਆਰ ਏ ਦੀ ਉਲੰਘਣਾ ਕਰਕੇ 7 ਕਰੋੜ ਰੁਪਏ ਤੋਂ ਵੱਧ ਦੀ ਵਿਦੇਸ਼ੀ ਰਕਮ ਹਾਸਲ ਕੀਤੀ ਏ ।

------------------------------------------------------------

ਸ਼੍ਰੀ ਅਨੰਦਪੁਰ ਸਾਹਿਬ ਲੋਕਸਭਾ ਹਲਕੇ ਦੇ ਪਿੰਡ ਕੋਟਲਾ ਨਿਹੰਗ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਪ੍ਰੋ.ਪ੍ਰੇਮ ਸਿੰਘ ਚੰਦੂਮਾਜਰਾ ਵਲੋਂ ਇਕ ਚੋਣ ਜਲਸਾ ਸ਼੍ਰੋਮਣੀ ਕਮੇਟੀ ਦੀ ਸਾਬਕਾ ਮੈਂਬਰ ਦਲਜੀਤ ਕੌਰ ਦੀ ਅਗਵਾਈ ਹੇਠ ਕੀਤਾ ਗਿਆ । ਇਸ ਮੌਕੇ ਪ੍ਰੋ.ਚੰਦੂਮਾਜਰਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵਲੋਂ ਆਪਣੀ ਸਰਕਾਰ ਦੇ ਸਮੇਂ ਹਰ ਵਰਗ ਨੂੰ

ਸਹੂਲਤਾਂ ਦਿੱਤੀਆਂ ਗਈਆਂ ਸਨ ਪਰ ਹੁਣ ਪਿਛਲੇ ਦੋ ਸਾਲ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਨੂੰ ਮਿਲਦੀਆਂ ਸਹੂਲਤਾਂ ਦੇਣ ਤੋਂ ਹੱਥ ਪਿੱਛੇ ਖਿੱਚ ਲਿਆ ਏ ਅਤੇ ਔਰਤਾਂ ਨੂੰ 1000 ਰੁਪਏ ਮਹੀਨਾ ਦੇਣ ਦਾ ਚੋਣ ਵਾਅਦਾ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਦੋ ਸਾਲ ਤੋਂ ਪੂਰਾ ਨਹੀਂ ਕਰ ਸਕੀ ਏ। ਉਨ੍ਹਾਂ ਕਿਹਾ ਕਿ ਗਾਰੰਟੀਆ ਦੇਣ ਵਾਲੀ ਮਾਨ ਸਰਕਾਰ ਨੇ ਆਪਣੀ ਹਰ ਗਾਰੰਟੀ ਤੋਂ ਹੱਥ ਖੜ੍ਹੇ ਕਰ ਦਿੱਤੇ ਨੇ।

---------------------------------------------------------------

ਪਟਿਆਲਾ ਦੇ ਜ਼ਿਲ੍ਹਾ ਚੋਣ ਅਫ਼ਸਰ ਸ਼ੌਕਤ ਅਹਿਮਦ ਪਰੇ ਨੇ ਕਿਹਾ ਏ ਕਿ ਲੋਕ ਸਭਾ ਹਲਕਾ ਪਟਿਆਲਾ ਲਈ ਦਿਵਿਆਂਗਜਨਾਂ ਤੇ ਬਜ਼ੁਰਗਾਂ ਸਮੇਤ ਵਿਸ਼ੇਸ਼ ਜਰੂਰਤਾਂ ਵਾਲੇ ਵੋਟਰਾਂ ਦੀਆਂ ਵੋਟਾਂ 100 ਫੀਸਦੀ ਪੁਆਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਉਚੇਚੇ ਯਤਨ ਕਰ ਰਿਹਾ ਏ। ਇਸ ਸੰਬੰਧੀ ਅਮਲ ਅੱਜ ਤੋਂ ਸ਼ੁਰੂ ਹੋ ਗਿਆ ਏ ਅਤੇ ਚੋਣ ਅਮਲੇ ਵੱਲੋਂ ਪਛਾਣ ਕੀਤੇ 761 ਵੋਟਰਾਂ ਦੀਆਂ ਵੋਟਾਂ ਅੱਜ ਘਰ-ਘਰ ਜਾ ਕੇ ਪੁਆਈਆਂ

ਗਈਆਂ ਅਤੇ ਭਲਕੇ 22 ਮਈ ਨੂੰ ਵੀ ਪੁਆਈਆਂ ਜਾਣਗੀਆਂ ਤਾਂ ਜੋ ਕੋਈ ਵੀ ਯੋਗ ਵੋਟਰ ਆਪਣੀ ਵੋਟ ਪਾਉਣ ਤੋਂ ਵਾਂਝਾ ਨਾ ਰਹੇ। ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ ਲੋਕ ਸਭਾ ਹਲਕਾ ਪਟਿਆਲਾ ਅਧੀਨ ਆਉਂਦੇ 9 ਵਿਧਾਨ ਸਭਾ ਹਲਕਿਆਂ ਵਿੱਚ 497 ਵੋਟਰ 85 ਸਾਲਾਂ ਤੋਂ ਵੱਧ ਉਮਰ ਦੇ ਸੀਨੀਅਰ ਸਿਟੀਜਨ ਨੇ ਜਦਕਿ 264 ਦਿਵਿਆਂਗਜਨ ਵੋਟਰ ਨੇ, ਜਿਨ੍ਹਾਂ ਨੇ ਫਾਰਮ 12 ਡੀ ਭਰਕੇ ਆਪਣੀ ਵੋਟ ਘਰ ਤੋਂ ਹੀ ਪਾਉਣ ਲਈ ਬਿਨੈ ਕੀਤਾ ਸੀ। ਇਨ੍ਹਾਂ ਨੂੰ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਮੁਤਾਬਕ ਪੋਸਟਲ ਬੈਲੇਟ ਪੇਪਰ ਨਾਲ ਵੋਟ ਪਾਉਣ ਦੀ ਸਹੂਲਤ ਦਿੱਤੀ ਜਾ ਰਹੀ ਏ। ਉਨ੍ਹਾਂ ਦੱਸਿਆ ਕਿ ਅਜਿਹੇ ਵੋਟਰਾਂ ਦੀਆਂ ਵੋਟਾਂ ਪੁਆਉਣ ਲਈ 54 ਟੀਮਾਂ ਤਾਇਨਾਤ ਕੀਤੀਆਂ ਗਈਆਂ ਨੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਾਰੇ ਹਲਕਿਆਂ ਵਿੱਚ ਇਹ ਵੋਟਾਂ ਪੁਆਉਣ ਲਈ ਸਾਰੇ ਉਮੀਦਵਾਰਾਂ ਨੂੰ ਵੀ ਪਹਿਲਾਂ ਹੀ ਸੂਚਿਤ ਕਰ ਦਿੱਤਾ ਗਿਆ ਏ। ਇਨ੍ਹਾਂ

ਟੀਮਾਂ ਨਾਲ ਸੁਰੱਖਿਆ ਮੁਲਾਜ਼ਮਾਂ ਦੇ ਨਾਲ-ਨਾਲ ਵੀਡੀਓਗ੍ਰਾਫ਼ਰ ਵੀ ਲਗਾਏ ਗਏ ਨੇ।

-----------------------------------------------------

ਪੰਜਾਬ ਦੇ ਇਤਿਹਾਸਕ ਸ਼ਹਿਰ ਫਰੀਦਕੋਟ ਨੂੰ ਸੂਫੀ ਸੰਤਾਂ ਦਾ ਤਪ ਸਥਾਨ ਹੋਣ ਦਾ ਮਾਣ ਪ੍ਰਾਪਤ ਏ। ਫਰੀਦਕੋਟ ਲੋਕਸਭਾ ਹਲਕੇ ਵਿਚ 12 ਆਜ਼ਾਦ ਉਮੀਦਵਾਰਾਂ ਸਮੇਤ ਕੁੱਲ 28 ਉਮੀਦਵਾਰ ਮੈਦਾਨ ਵਿੱਚ ਨੇ। ਕੁੱਲ ਵੋਟਰਾਂ ਦੀ ਗਿਣਤੀ 15 ਲੱਖ 94 ਹਜ਼ਾਰ 33 ਏ, ਜਿਨ੍ਹਾਂ ਵਿੱਚ 8 ਲੱਖ 42 ਹਜ਼ਾਰ 184 ਮਰਦ, 7 ਲੱਖ 51 ਹਜ਼ਾਰ 768 ਔਰਤ ਅਤੇ 48 ਥਰਡ ਜੈਂਡਰ ਵੋਟਰ ਨੇ।

-----------------------------------------------------

ਸ਼੍ਰੀ ਅਨੰਦਪੁਰ ਸਾਹਿਬ ਲੋਕਸਭਾ ਹਲਕੇ ਵਿਚ ਚੋਣਾਂ ਲਈ ਨਿਯੁਕਤ ਜਨਰਲ ਆਬਜ਼ਰਵਰ ਡਾਕਟਰ ਹੀਰਾ ਲਾਲ ਨੇ ਕਿਹਾ ਏ ਕਿ ਚੋਣ ਕਮਿਸ਼ਨ ਗ੍ਰੀਨ ਇਲੈਕਸ਼ਨ ਕਰਵਾਉਣ ਨੂੰ ਤਰਜੀਹ ਦੇ ਰਿਹਾ ਏ। ਮੋਹਾਲੀ ਵਿਚ ਇਸ ਬਾਰੇ ਉਨਾਂ ਹਲਕੇ ਵਿਚ ਪੈਂਦੇ ਚਾਰ ਜ਼ਿਲਿਆਂ ਦੇ

ਡਿਪਟੀ ਕਮਿਸ਼ਨਰਾਂ ਕਮ ਜ਼ਿਲਾ ਚੋਣ ਅਧਿਕਾਰਿਆਂ ਅਤੇ ਐਸ ਐਸ ਪੀਜ ਨਾਲ ਇਕ ਮੀਟਿੰਗ ਵੀ ਕੀਤੀ। ਸਾਡੇ ਪਤਰਕਾਰ ਮਨੋਜ ਗਿਰਧਰ ਅਨੁਸਾਰ ਡਾਕਟਰ ਹੀਰਾ ਲਾਲ ਨੇ ਕਿਹਾ ਕਿ ਚੋਣਾਂ ਨੂੰ ਪਲਾਸਟਿਕ ਮੁਕਤ ਰੱਖਿਆ ਜਾਵੇ।

---------------------------------------------------------

ਪੰਜਾਬ ਵਿਚ ਝੁਲਸਾ ਦੇਣ ਵਾਲੀ ਗਰਮੀ ਦਾ ਕਹਿਰ ਜਾਰੀ ਏ। ਮੌਸਮ ਵਿਭਾਗ ਨੇ ਸੂਬੇ ਦੇ 10 ਜ਼ਿਲ੍ਹਿਆਂ ਅੰਮ੍ਰਿਤਸਰ, ਤਰਨਤਾਰਨ, ਫਿਰੋਜ਼ਪੁਰ, ਫਾਜ਼ਿਲਕਾ, ਫਰੀਦਕੋਟ, ਮੁਕਤਸਰ, ਮੋਗਾ, ਬਠਿੰਡਾ, ਬਰਨਾਲਾ ਅਤੇ ਮਾਨਸਾ ਵਿਚ ਅੱਜ ਤੋਂ 24 ਮਈ ਤਕ ਰੇਡ ਅਲਰਟ ਜਾਰੀ ਕੀਤਾ ਏ। ਇਸ ਦੌਰਾਨ ਜਬਰਦਸਤ ਗਰਮੀ ਦੀ ਲਹਿਰ ਦਾ ਸਾਹਮਣਾ ਕਰਨਾ ਪੈ ਸਕਦਾ ਏ। ਇਸ ਦਾ ਅਸਰ ਆਉਣ ਵਾਲੇ ਕਈ ਦਿਨਾਂ ਤੱਕ ਵੀ ਦਿਖਾਈ ਦੇਵੇਗਾ। ਗਰਮੀ ਦੇ ਕਹਿਰ ਦਰਮਿਆਨ ਬਠਿੰਡਾ ਵਿੱਚ ਕਲ ਦੂਜੇ ਦਿਨ ਵੀ ਤਾਪਮਾਨ ਸਭ ਤੋਂ ਵੱਧ 46

ਇਸ਼ਾਰੀਆ 7 ਡਿਗਰੀ ਸੈਲਸੀਅਸ ਰਿਕਾਰਡ ਕੀਤਾ ਗਿਆ। ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੂ ਦੇ ਇਸ ਗੰਭੀਰ ਹਾਲਾਤ ਨੂੰ ਵੇਖਦਿਆਂ ਲੋਕਾਂ ਨੂੰ ਪੂਰੀ ਸਾਵਧਾਨੀ ਵਰਤਣ, ਪਾਣੀ ਜਾਂ ਓ ਆਰ ਐਸ ਘੋਲ ਦਾ ਸੇਵਨ ਲਗਾਤਾਰ ਕਰਦੇ ਰਹਿਣ, ਜਰੂਰੀ ਹੋਣ ਤੇ ਹੀ ਘਰੋਂ ਬਾਹਰ ਨਿਕਲਣ, ਖਾਸਤੌਰ ਤੇ ਸਿੱਧੀ ਧੁੱਪ ਵਿਚ ਬਾਹਰ ਨਿਕਲਣ ਤੋਂ ਬਚਣ, ਛਾਂ ਵਿੱਚ ਰਹਿਣ ਅਤੇ ਸਵੇਰੇ 11 ਤੋਂ ਸ਼ਾਮ 4 ਵਜੇ ਤਕ ਬਾਹਰ ਜਾਣ ਤੋਂ ਪਰਹੇਜ ਕਰਨ ਦੀ ਸਲਾਹ ਦਿੱਤੀ ਏ।

---------------------------------------------------------

ਫਰੀਦਕੋਟ ਜ਼ਿਲੇ ਵਿਚ ਖ਼ੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੀ ਇੰਜਨਿਅਰਿੰਗ ਸ਼ਾਖਾ ਨੇ ਫ਼ਸਲੀ ਰਹਿੰਦ ਖੂੰਦ ਸਕੀਮ ਤਹਿਤ ਕਿਸਾਨਾਂ ਨੂੰ ਮੁਹੱਈਆ ਕਰਵਾਈ ਗਈ। ਖੇਤੀ ਮਸ਼ੀਨਰੀ ਜਿਵੇਂ ਹੈਪੀ ਸੀਡਰ, ਸੁਪਰ ਸੀਡਰ, ਸ੍ਰਫੇਸ ਸੀਡਰ ਚਾਲਕ ਜਾਂ ਮਾਲਕ ਕਿਸਾਨਾਂ ਨੂੰ ਮਸ਼ੀਨਰੀ ਦੀ ਸੁਚੱਜੀ ਵਰਤੋਂ ਬਾਰੇ ਜਾਣਕਾਰੀ ਦੇਣ ਲਈ ਖੇਤੀ

ਮਸ਼ੀਨਰੀ ਨਿਰਮਾਤਾਵਾਂ ਦੇ ਸਹਿਯੋਗ ਨਾਲ ਵਿਸ਼ੇਸ਼ ਸਿਖਲਾਈ ਕੈਂਪਾਂ ਦਾ ਪ੍ਰੋਗਰਾਮ ਸ਼ੁਰੂ ਕੀਤਾ ਏ ।